ਨੰ: 2/63/09-2ਸਿ3/1156

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਐਨੀਜ਼ ਸਕੂਲ, ਖਰੜ
ਜ਼ਿਲ੍ਹਾ ਮੋਹਾਲੀ।

ਮਿਤੀ,ਚੰਡੀਗੜ੍ਹ 29/6/2009

ਵਿਸ਼ਾ:- ਐਨੀਜ਼ ਸਕੂਲ, ਖਰੜ ਜ਼ਿਲ੍ਹਾ ਮੋਹਾਲੀ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

....

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਮੋਹਾਲੀ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

Principal
Anee's School (Sr. Sec.)
Kharar, Mohali (Pb) 140301
Affiliated to C.B.S.E. (Delhi)

Aggarwal Educational Trust

ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

----

ਪਿੱਠ ਅੰਕਣ ਨੰ: 2/63/09-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/48-2009 ਗ੍ਰਾਂਟ 1(4) ਮਿਤੀ 22-6-2009 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾ ਦੀ ਇੰਨ ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਐਨੀਜ਼ ਸਕੂਲ ਖਰੜ ਜਿਲ੍ਹਾ ਮੋਹਾਲੀ ਦੀ ਮਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Principal
Anee's School (Sr. Sec.)
Kharar, Mohali (Pb) 140301
Affiliated to C.B.S.E. (Delhi)

Director
Anee's School (Sr. Sec.)
Kharar, Mohali
Punjab (India)

Aggarwal Educational Trust
Trustee